# ਰਾਜ ਵਿਦਿਅਕ ਖੋਜ਼ ਅਤੇ ਸਿਖਲਾਈ ਪ੍ਰੀਸ਼ਦ,ਪੰਜਾਬ

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ,ਬਲਾਕ ਈ,ਛੇਵੀ ਮੰਜਿਲ,ਫੇਜ਼-8, ਮੋਹਾਲੀ,

ਈ-ਮੇਲ:directorscert@punjabeducation.gov.in,ਫੋਨ ਨੰਬਰ:0172-221222


ਵੱਲ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ(ਸੈ.ਸਿੱ,ਐ.ਸਿੱ)
ਪੰਜਾਬ।

ਮੀਮੋ ਨੰ: E-781687/SCERT/G&C 2024/124/2024/G&C
ਮਿਤੀ : 23.10.2024

ਵਿਸ਼ਾ: **Writ Petition No 924 of 2019 titled Gaurav Kumar Bansal Verses Union of India and Others Pending at Hon'ble Supreme Court of India.**

ਹਵਾਲਾ : ਡਾਇਰੈਕਟਰ ਸਿਹਤ ਅਤੇ ਭਲਾਈ ਵਿਭਾਗ ਦੇ ਪੱਤਰ ਨੰ: PSMCH/20/1259 Dated 30-04-2024 ਦੇ ਸੰਬੰਧ ਵਿੱਚ।

1.0 ਉਪਰੋਕਤ ਵਿਸ਼ੇ ਤੇ ਹਵਾਲਾ ਅਧੀਨ ਪੱਤਰ ਦੇ ਸੰਬੰਧ ਵਿੱਚ ਆਪ ਜੀ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਜਿਲ੍ਹੇ ਦੇ ਸਮੂਹ ਸਕੂਲਾਂ ਵਿੱਚ ਹੇਠ ਲਿਖੇ ਨਿਰਦੇਸ਼ਾਂ ਨੂੰ ਲਾਗੂ ਕਰਨ ਦੀ ਹਦਾਇਤ ਦਿੱਤੀ ਜਾਂਦੀ ਹੈ-

2.0 ਸਕੂਲ ਪੱਧਰ ਤੇ ਬੱਚਿਆਂ ਦੇ ਮਾਨਸਿਕ ਵਿਕਾਸ ਲਈ ਪਹਿਲਾਂ ਤੋਂ ਹੀ ਨਿਯੁਕਤ ਕਰੀਅਰ ਅਧਿਆਪਕ ਅਤੇ ਬਲਾਕ ਪੱਧਰ ਤੇ ਕਰੀਅਰ ਅਧਿਆਪਕ ਨੂੰ ਇਸ ਸਬੰਧੀ ਜ਼ਿੰਮੇਵਾਰੀ ਦਿੱਤੀ ਜਾਵੇ।

2.2 ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਮਹੀਨੇ ਵਿੱਚ ਇੱਕ ਵਾਰ ਬਿਹਤਰ ਮਾਨਸਿਕ ਸਿਹਤ ਸਿੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪੱਧਰ ਤੇ ਸਿਹਤ ਅਧਿਕਾਰੀਆਂ ਨਾਲ ਤਾਲਮੇਲ ਕੀਤਾ ਜਾਵੇ।

2.3 ਅਧਿਆਪਕਾਂ ਦੁਆਰਾ ਵਿਦਿਆਰਥੀਆਂ ਨੂੰ ਮਾਨਸਿਕ ਸਿਹਤ ਬਾਰੇ ਜਾਗਰੂਕ ਕਰਨ ਲਈ ਸਮੂਹ ਸਕੂਲਾਂ ਦੀ ਸਵੇਰ ਦੀ ਸਭਾ ਵਿੱਚ ਹਰੇਕ ਸੋਮਵਾਰ ਦੇ ਦਿਨ 5 ਮਿੰਟ ਦਾ ਸਮਾਂ ਦਿੱਤਾ ਜਾਵੇ।

2.4 ਵਿਦਿਆਰਥੀਆਂ ਵਿੱਚ ਮਾਨਸਿਕ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨ ਸਕੂਲਾਂ ਵਿੱਚ ਸੈਮੀਨਾਰ/ਮੁਕਾਬਲੇ ਦਾ ਆਯੋਜਨ ਕੀਤਾ ਜਾਵੇ।

2.5 ਆਪ ਵੱਲੋਂ ਆਪਣੇ ਅਧੀਨ ਆਉਂਦੇ ਸਮੂਹ ਸਕੂਲਾਂ ਅਤੇ ਸਮੂਹ ਜ਼ਿਲ੍ਹਾ ਗਾਈਡੈਂਸ ਕਾਉਂਸਲਰਾਂ ਨੂੰ ਹਦਾਇਤ ਕੀਤੀ ਜਾਵੇ ਕਿ ਸਕੂਲਾਂ ਵਿੱਚ ਹਰ ਮਹੀਨੇ ਦੇ ਆਖਰੀ ਹਫਤੇ ਦੇ ਕਿਸੇ ਵੀ ਦਿਨ ਮਾਨਸਿਕ ਸਿਹਤ ਦਿਵਸ ਨੂੰ ਸਮਰਪਿਤ ਕੀਤਾ ਜਾਵੇ।

2.6 ਆਪ ਵੱਲੋਂ ਆਪਣੇ ਆਪਣੇ ਜ਼ਿਲ੍ਹੇ ਦੀ ਉਪਰੋਕਤ ਗਤੀਵਿਧੀਆਂ ਦੀ ਮਹੀਨਾਵਾਰ ਰਿਪੋਰਟ ਕੰਪਾਇਲ ਕਰਕੇ ਸਿਵਲ ਸਰਜਨ ਰਾਹੀਂ ਪੰਜਾਬ ਰਾਜ ਦੇ ਮਾਨਸਿਕ ਸਿਹਤ ਸੈੱਲ ਦੀ ਈ.ਮੇਲ. ਆਈ.ਡੀ. newmhppunjab@gmail.com ਤੇ ਅਤੇ ਦਫ਼ਤਰ

ਐਸ.ਸੀ.ਈ.ਆਰ.ਟੀ. ਨੂੰ scertmentalhealth@gmail.com ਦੀ ਈ.ਮੇਲ ਆਈ.ਡੀ. ਤੇ ਭੇਜਣੀ ਯਕੀਨੀ ਬਣਾਈ ਜਾਵੇ।

**ਅਮਨਿੰਦਰ ਕੌਰ ਪੀ.ਸੀ.ਐਸ**
**ਡਾਇਰੈਕਟਰ**
**ਐਸ.ਸੀ.ਈ.ਆਰ.ਟੀ,ਪੰਜਾਬ।**

ਪਿੱਠ ਅੰਕਣ ਨੰ: ਉਕਤ ਮਿਤੀ: 23.10.2024

ਉਪਰੋਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ:-

1. ਪੀ.ਏ.ਟੂ ਡਾਇਰੈਕਟਰ ਐਸ.ਸੀ.ਈ.ਆਰ.ਟੀ., ਪੰਜਾਬ।
2. ਸਮੂਹ ਜ਼ਿਲ੍ਹਾ ਗਾਈਡੈਂਸ ਕਾਊਂਸਲਰ, ਪੰਜਾਬ।

**ਸਹਾਇਕ ਡਾਇਰੈਕਟਰ**
**(ਗਾਇਡੈਂਸ ਐਂਡ ਕਰੀਅਰ ਕਾਊਂਸਲਿੰਗ)**
**ਐਸ.ਸੀ.ਈ.ਆਰ.ਟੀ,ਪੰਜਾਬ।**

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-1/1 ( )2024/ 1172 ਮਿਤੀ: 21.11.24

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਕਰਨੀ ਯਕੀਨੀ ਬਣਾਈ ਜਾਵੇ ।

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ